**ਆਕਾਸ਼ਵਾਣੀ ਜਲੰਧਰ**
**ਪ੍ਰਦੇਸ਼ਿਕ ਖਬਰਾਂ ਪੰਜਾਬੀ**
**18:20 Pm**

**ਮਿਤੀ: 11-09-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਏ ਕਿ ਸਰਕਾਰ ਹਰ DEVICE ਨੂੰ ਭਾਰਤੀ ਚਿਪਸ ਨਾਲ ਲੈਸ ਕਰਨ ਲਈ, ਦੇਸ਼ ਵਿੱਚ ਚਿੱਪ ਉਤਪਾਦਨ ਦੀ ਗਿਣਤੀ ਵਧਾਉਣ 'ਤੇ ਧਿਆਨ ਕੇਂਦਰਿਤ ਕਰ ਰਹੀ ਏ ।
- ਕੇਂਦਰ ਨੇ ਖਾਲਿਸਤਾਨ ਦੀ ਹਮਾਇਤ ਕਰਣ ਵਾਲੇ ਸਮੂਹ 'ਸਿੱਖਸ ਫਾਰ ਜਸਟਿਸ' 'ਤੇ ਲਾਈ ਪਾਬੰਦੀ ਨੂੰ ਅਗਲੇ ਪੰਜ ਸਾਲਾਂ ਲਈ ਵਧਾ ਦਿੱਤਾ ਏ ।
- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰੇ ਵਿਖੇ ਮੈਂ ਤੇ ਮੇਰਾ ਰੁਖ ਮੁਹਿੰਮ ਤਹਿਤ ਬੂਤੇ ਕਾ ਲੇ ਚੁਗਿਰਦੇ ਨੂੰ ਬਚਾਉਣ ਦਾ ਸੁਨੇਹਾ ਦਿੱਤਾ ।
- ਹਾਕੀ ਵਿੱਚ, ਮੌਜੂਦਾ ਚੈਂਪੀਅਨ ਭਾਰਤ ਅੱਜ ਚੀਨ ਦੇ Hulunbuir ਵਿੱਚ ਮਲੇਸ਼ੀਆ ਨੂੰ 8-1 ਨਾਲ ਹਰਾ ਕੇ ਮਰਦਾਂ ਦੇ ਏਸ਼ੀਅਨ ਚੈਂਪੀਅਨਜ਼ ਟਰਾਫੀ ਟੂਰਨਾਮੈਂਟ ਦੇ ਸੈਮੀਫਾਈਨਲ ਵਿੱਚ ਪਹੁੰਚ ਗਿਆ ਏ ।

---------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਏ ਕਿ ਇਹ ਸਿਲੀਕਾਨ ਡਿਪਲੋਮੇਸੀ ਦਾ ਯੁੱਗ ਏ ਅਤੇ ਭਾਰਤ ਸੈਮੀਕੰਡਕਟਰ ਤਾਕਤ ਬਣਨ ਲਈ ਹਰ ਕਦਮ ਚੁੱਕੇਗਾ। ਉਨ੍ਹਾਂ ਕਿਹਾ ਕਿ ਸਰਕਾਰ ਹਰ DEVICE ਨੂੰ ਭਾਰਤੀ ਚਿਪਸ ਨਾਲ ਲੈਸ ਕਰਨ ਲਈ, ਦੇਸ਼ ਵਿੱਚ ਚਿੱਪ ਉਤਪਾਦਨ ਦੀ ਗਿਣਤੀ ਵਧਾਉਣ 'ਤੇ ਧਿਆਨ ਕੇਂਦਰਿਤ ਕਰ ਰਿਹਾ ਏ। ਸ਼੍ਰੀ ਮੋਦੀ ਨੇ ਅੱਜ ਗ੍ਰੇਟਰ ਨੋਇਡਾ ਵਿੱਚ ਸੇਮੀਕੋਨ ਇੰਡੀਆ 2024 ਦਾ ਉਦਘਾਟਨ ਕੀਤਾ। ਆਪਣੇ ਸੰਬੋਧਨ ਦੌਰਾਨ, ਪ੍ਰਧਾਨ ਮੰਤਰੀ ਨੇ ਦੇਸ਼ ਵਿੱਚ ਇਲੈਕਟ੍ਰੋਨਿਕਸ ਅਤੇ ਸੈਮੀਕੰਡਕਟਰ ਸਨਅਤ ਨੂੰ ਹੁਲਾਰਾ ਦੇਣ ਲਈ ਕੀਤੀਆਂ ਗਈਆਂ ਵੱਖ-ਵੱਖ ਪਹਿਲਕਦਮੀਆਂ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸਰਕਾਰ ਨੇ ਇਸ ਦਹਾਕੇ ਦੇ ਅੰਤ ਤੱਕ, ਦੇਸ਼ ਦੇ ਇਲੈਕਟ੍ਰੋਨਿਕਸ ਸੈਕਟਰ

ਨੂੰ 500 ਅਰਬ ਡਾਲਰ ਦਾ ਸਨਅਤ ਬਣਾਉਣ ਦਾ ਟੀਚਾ ਰੱਖਿਆ ਏ। ਉਨ੍ਹਾਂ ਕਿਹਾ ਕਿ ਇਸ ਨਾਲ 60 ਲੱਖ ਨੌਕਰੀਆਂ ਪੈਦਾ ਹੋਣਗੀਆਂ। ਪ੍ਰਧਾਨ ਮੰਤਰੀ ਨੇ ਡਿਜੀਟਲ ਇੰਡੀਆ ਪਹਿਲਕਦਮੀ ਦੀ ਸਫਲਤਾ ਦਾ ਵੀ ਜ਼ਿਕਰ ਕੀਤਾ ਅਤੇ ਕਿਹਾ ਕਿ ਦੇਸ਼, ਇਸਦੇ ਬਹੁਪੱਖੀ ਪ੍ਰਭਾਵ ਨੂੰ ਦੇਖ ਰਿਹਾ ਏ। ਉਨ੍ਹਾਂ ਕਿਹਾ ਕਿ ਪਹਿਲਾਂ ਦੇਸ਼ ਮੋਬਾਈਲ ਫੋਨਾਂ ਦੀ ਦਰਾਮਦ ਕਰਦਾ ਸੀ, ਪਰ ਹੁਣ ਇਹ ਮੋਬਾਈਲ ਫੋਨਾਂ ਦਾ ਦੂਜਾ ਸਭ ਤੋਂ ਵੱਡਾ ਉਤਪਾਦਕ ਅਤੇ ਬਰਾਮਦਕਾਰ ਬਣ ਗਿਆ ਏ। ਇਸ ਮੌਕੇ 'ਤੇ ਬੋਲਦਿਆਂ ਇਲੈਕਟ੍ਰੌਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਸਰਕਾਰ ਨੇ ਡਿਜੀਟਲ ਇੰਡੀਆ ਅਤੇ ਟੈਲੀਕਾਮ ਮਿਸ਼ਨ ਰਾਹੀਂ ਨਾਗਰਿਕਾਂ ਦੇ ਹੱਥਾਂ 'ਚ ਤਕਨਾਲੋਜੀ ਲਿਆਂਦੀ ਏ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਸੈਮੀਕੰਡਕਟਰ ਸਨਅਤ ਦਾ ਵਿਕਾਸ, ਇਸ ਦ੍ਰਿਸ਼ਟੀਕੋਣ ਨੂੰ ਹੋਰ ਮਜ਼ਬੂਤ ਕਰੇਗਾ ।

--------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਕਿ ਜਲਵਾਯੂ ਤਬਦੀਲੀ ਅਤੇ ਊਰਜਾ ਬਦਲਾਅ ਵਿਸ਼ਵਵਿਆਪੀ ਚਿੰਤਾਵਾਂ ਨੇ ਅਤੇ ਗ੍ਰੀਨ ਹਾਈਡ੍ਰੋਜਨ ਦੇ ਪ੍ਰਭਾਵ ਨੂੰ ਉਤਸ਼ਾਹਿਤ ਕਰਨ ਲਈ, ਅੰਤਰਰਾਸ਼ਟਰੀ ਭਾਈਵਾਲੀ ਮਹੱਤਵਪੂਰਨ ਏ। ਗ੍ਰੀਨ ਹਾਈਡ੍ਰੋਜਨ 'ਤੇ ਅੰਤਰਰਾਸ਼ਟਰੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਉਤਪਾਦਨ ਨੂੰ ਵਧਾਉਣਾ, ਲਾਗਤਾਂ ਨੂੰ ਘਟਾਉਣਾ, ਅਤੇ ਬੁਨਿਆਦੀ ਢਾਂਚੇ ਦਾ ਨਿਰਮਾਣ ਸਹਿਯੋਗ ਰਾਹੀਂ ਤੇਜ਼ੀ ਨਾਲ ਅੱਗੇ ਵਧ ਸਕਦਾ ਏ। ਉਨ੍ਹਾਂ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਇਹ ਅਹਿਸਾਸ ਵਧ ਰਿਹਾ ਏ ਕਿ ਜਲਵਾਯੂ ਤਬਦੀਲੀ ਸਿਰਫ ਭਵਿੱਖ ਦੀ ਗੱਲ ਨਹੀਂ ਏ, ਕਿਉਂਕਿ ਇਸਦਾ ਪ੍ਰਭਾਵ ਹੁਣ ਮਹਿਸੂਸ ਕੀਤਾ ਜਾ ਰਿਹਾ ਏ। ਸ੍ਰੀ ਮੋਦੀ ਨੇ ਕਿਹਾ ਕਿ ਊਰਜਾ ਤਬਦੀਲੀ ਅਤੇ ਨਿਰੰਤਰ ਆਲਮੀ ਨੀਤੀ ਸੰਵਾਦ ਦਾ ਕੇਂਦਰ ਬਣ ਗਏ ਨੇ।

--------------------------------

ਕੇਂਦਰ ਨੇ ਖਾਲਿਸਤਾਨੀ ਸਮਰਥਕ ਸਮੂਹ 'ਸਿੱਖਸ ਫਾਰ ਜਸਟਿਸ' 'ਤੇ ਲਗਾਈ ਪਾਬੰਦੀ ਨੂੰ ਅਗਲੇ ਪੰਜ ਸਾਲਾਂ ਲਈ ਵਧਾ ਦਿੱਤਾ ਏ। ਇਹ ਪਾਬੰਦੀ ਗੈਰਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ ਤਹਿਤ ਲਗਾਈ ਗਈ ਏ। ਸਰਕਾਰੀ ਨੋਟੀਫਿਕੇਸ਼ਨ ਅਨੁਸਾਰ ਇਹ ਸੰਗਠਨ ਦੇਸ਼ ਦੀ ਅਖੰਡਤਾ ਅਤੇ ਸੁਰੱਖਿਆ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਗਤੀਵਿਧੀਆਂ ਵਿੱਚ ਸ਼ਾਮਲ ਏ। ਸਿੱਖਸ ਫਾਰ ਜਸਟਿਸ ਗੁਰਪਤਵੰਤ ਸਿੰਘ ਪੰਨੂ ਵਲੋਂ ਚਲਾਇਆ ਜਾਂਦਾ ਇੱਕ ਅਮਰੀਕਾ-

ਅਧਾਰਤ ਸਮੂਹ ਏ, ਜਿਸ ਨੂੰ ਭਾਰਤ ਵਲੋਂ ਮਨੋਨੀਤ ਵਿਅਕਤੀਗਤ ਦੇਸ਼ਤਗਰਦੀ ਐਲਾਨਿਆ ਗਿਆ ਸੀ। NIA ਨੇ ਸਿੱਖਸ ਫਾਰ ਜਸਟਿਸ ਅਤੇ ਪੰਨੂ ਖਿਲਾਫ ਕਈ ਮਾਮਲੇ ਦਰਜ ਕੀਤੇ ਨੇ। ਕੇਂਦਰ ਨੇ 2019 'ਚ ਇਸ ਸੰਗਠਨ 'ਤੇ ਪਾਬੰਦੀ ਲਗਾ ਦਿੱਤੀ ਸੀ।

--------------------------------

ਬੀਜੇਪੀ ਨੇ ਅੱਜ ਕਾਂਗਰਸ ਨੇਤਾ ਰਾਹੁਲ ਗਾਂਧੀ ਦੀ ਅਮਰੀਕਾ ਵਿੱਚ ਕਥਿਤ ਭਾਰਤ ਵਿਰੋਧੀ ਟਿੱਪਣੀ ਨੂੰ ਲੈ ਕੇ ਸਖ਼ਤ ਨਿਖੇਧੀ ਕੀਤੀ ਏ। ਪਾਰਟੀ ਨੇ ਰਾਖਵੇਂਕਰਨ 'ਤੇ ਸ਼੍ਰੀ ਗਾਂਧੀ ਦੀ ਟਿੱਪਣੀ ਲਈ ਵੀ, ਉਨ੍ਹਾਂ ਦੀ ਨੁਕਤਾਚੀਨੀ ਕੀਤੀ ਏ। ਬੀਜੇਪੀ ਦੇ ਸੀਨੀਅਰ ਨੇਤਾ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਏ ਕਿ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਆਪਣੇ ਵਿਦੇਸ਼ ਦੌਰੇ ਦੌਰਾਨ ਜੋ ਗੁੰਮਰਾਹਕੁੰਨ ਅਤੇ ਬੇਬੁਨਿਆਦ ਗੱਲਾਂ ਕਹੀਆਂ ਨੇ, ਉਹ ਬੇਹੱਦ ਸ਼ਰਮਨਾਕ ਅਤੇ ਭਾਰਤ ਦੇ ਮਾਣ ਨੂੰ ਠੇਸ ਪਹੁੰਚਾਉਣ ਵਾਲੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਸ੍ਰੀ ਸਿੰਘ ਨੇ ਕਿਹਾ ਕਿ ਸ੍ਰੀ ਗਾਂਧੀ ਨੇ ਕਿਹਾ ਏ ਕਿ ਭਾਰਤ ਵਿੱਚ ਸਿੱਖ ਭਾਈਚਾਰੇ ਨੂੰ ਗੁਰਦੁਆਰਿਆਂ ਵਿੱਚ ਦਸਤਾਰ ਸਜਾਉਣ ਦੀ ਇਜਾਜ਼ਤ ਨਹੀਂ ਏ ਅਤੇ ਉਨ੍ਹਾਂ ਨੂੰ ਆਪਣੇ ਧਰਮ ਅਨੁਸਾਰ ਵਿਹਾਰ ਕਰਨ ਤੋਂ ਰੋਕਿਆ ਜਾ ਰਿਹਾ ਏ ਜੋ ਕਿ ਪੂਰੀ ਤਰ੍ਹਾਂ ਬੇਬੁਨਿਆਦ ਏ।

ਸ਼੍ਰੀ ਸਿੰਘ ਨੇ ਕਿਹਾ ਕਿ ਸ਼੍ਰੀ ਗਾਂਧੀ ਦਾ ਇਹ ਦਾਅਵਾ ਵੀ ਪੂਰੀ ਤਰ੍ਹਾਂ ਗਲਤ ਏ ਕਿ, NDA ਸਰਕਾਰ ਰਾਖਵਾਂਕਰਨ ਖ਼ਤਮ ਕਰਨਾ ਚਾਹੁੰਦੀ ਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਲਿਤਾਂ, ਪੱਛੜੀਆਂ ਸ਼੍ਰੇਣੀਆਂ ਅਤੇ ਕਬਾਇਲੀ ਭਾਈਚਾਰਿਆਂ ਦੀ ਭਲਾਈ ਤੇ ਵਿਕਾਸ ਲਈ ਰਾਖਵਾਂਕਰਨ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਏ।

ਬੀਜੇਪੀ ਦੇ ਸੀਨੀਅਰ ਨੇਤਾ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਸ਼੍ਰੀ ਰਾਹੁਲ ਗਾਂਧੀ ਦੀਆਂ ਟਿੱਪਣੀਆਂ ਦੀ ਸਖ਼ਤ ਨਿਖੇਧੀ ਕੀਤੀ ਏ ਅਤੇ ਕਿਹਾ ਏ ਕਿ ਉਨ੍ਹਾਂ ਨੇ ਰਾਖਵੇਂਕਰਨ ਬਾਰੇ ਜੋ ਕੁਝ ਵੀ ਕਿਹਾ ਏ, ਉਹ ਪੂਰੀ ਤਰ੍ਹਾਂ ਗਲਤ ਏ। ਜਦੋਂ ਤੱਕ ਬੀਜੇਪੀ ਏ, ਨਾ ਤਾਂ ਕੋਈ ਰਾਖਵਾਂਕਰਨ ਖ਼ਤਮ ਕਰ ਸਕਦਾ ਏ ਅਤੇ ਨਾ ਹੀ ਕੋਈ ਦੇਸ਼ ਦੀ ਸੁਰੱਖਿਆ ਨਾਲ ਖਿਲਵਾੜ ਕਰ ਸਕਦਾ ਏ ।

--------------------------------

ਭਾਰਤੀ ਜਨਤਾ ਪਾਰਟੀ (BJP) ਨੇ ਅਮਰੀਕਾ 'ਚ ਰਾਹੁਲ ਗਾਂਧੀ ਦੇ ਬਿਆਨਾਂ ਅਤੇ ਉਨ੍ਹਾਂ ਨੂੰ ਮਿਲਣ ਵਾਲਿਆਂ 'ਤੇ ਸਵਾਲ ਖੜ੍ਹੇ ਕਰਦੇ ਹੋਏ ਕਿਹਾ ਏ ਕਿ ਇਹ ਸਾਫ ਹੁੰਦਾ ਜਾ ਰਿਹਾ ਏ ਕਿ ਕਾਂਗਰਸ ਦਾ ਹੱਥ ਭਾਰਤ ਵਿਰੋਧੀਆਂ ਦੇ ਨਾਲ ਏ । BJP ਦੇ ਰਾਸ਼ਟਰੀ ਬੁਲਾਰੇ ਅਤੇ ਸੰਸਦ ਮੈਂਬਰ ਸੁਧਾਂਸ਼ੂ ਤ੍ਰਿਵੇਦੀ ਨੇ ਬੁੱਧਵਾਰ ਨੂੰ ਇੱਥੇ ਪਾਰਟੀ ਹੈੱਡਕੁਆਰਟਰ ਵਿਖੇ ਕਰਾਈ ਗਈ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕੱਲ੍ਹ ਰਾਹੁਲ ਗਾਂਧੀ ਨੇ ਅਮਰੀਕਾ 'ਚ ਆਪਣੀ ਯਾਤਰਾ ਦੌਂਰਾਨ ਭਾਰਤ ਵਿਰੋਧੀ ਅਮਰੀਕੀ ਸੰਸਦ ਮੈਂਬਰ ਏਲਾਨ ਉਮਰ ਨਾਲ ਮੁਲਾਕਾਤ ਕੀਤੀ । ਏਲਾਨ ਉਮਰ ਹਮੇਸ਼ਾ ਤੋਂ ਪਾਕਿਸਤਾਨ ਪੱਖੀ ਅਤੇ ਭਾਰਤ ਵਿਰੋਧੀ ਜਾਣੇ ਜਾਂਦੇ ਨੇ . ਸੰਸਦ ਮੈਂਬਰ ਅਤੇ ਹੁਣ ਵਿਰੋਧੀ ਧਿਰ ਦੇ ਨੇਤਾ ਵਜੋਂ ਰਾਹੁਲ, ਕਦੇ ਵੀ ਭਾਰਤ-ਪੱਖੀ ਅਮਰੀਕੀ ਸੰਸਦ ਮੈਂਬਰਾਂ ਗਿਲਮੈਨੇ ਅਤੇ ਐਕਰਮੈਨ ਨੂੰ ਨਹੀਂ ਮਿਲੇ, ਹੁਣ ਉਹ ਤੁਲਸੀ ਗਬਾਰਡ ਨੂੰ ਵੀ ਨਹੀਂ ਮਿਲਣਗੇ । ਪਰ ਉਹ ਭਾਰਤ ਵਿਰੋਧੀ ਪੱਤਰਕਾਰ ਮੁਸਿਫਕੁਲ ਫਜ਼ਰ ਨਾਲ ਫੋਟੋ ਖਿਚਵਾਉਣ 'ਤੇ ਮਾਣ ਮਹਿਸੂਸ ਕਰਦੇ ਨੇ । ਭਾਰਤ ਵਿਰੋਧੀ ਗੁਰਪਤਵੰਤ ਪੰਨੂ ਨੇ ਵੀ ਰਾਹੁਲ ਗਾਂਧੀ ਦੀ ਤਾਰੀਫ਼ ਕੀਤੀ ਏ । ਇਸ ਤੋਂ ਸਾਫ਼ ਏ ਕਿ ਰਾਹੁਲ ਗਾਂਧੀ ਭਾਰਤ ਵਿਰੋਧੀਆਂ ਵਿੱਚ ਜ਼ਿਆਦਾ ਹਰਮਨ ਪਿਆਰੇ ਨੇ . ਰਾਹੁਲ ਗਾਂਧੀ ਭਾਰਤ ਦੇ ਪਹਿਲੇ ਵਿਰੋਧੀ ਨੇਤਾ ਨੇ ਜੋ ਵਿਦੇਸ਼ ਜਾ ਕੇ ਭਾਰਤ ਦੀਆਂ ਕਮੀਆਂ ਅਤੇ ਇੱਥੋਂ ਆਜ਼ਾਦੀ ਨਾ ਹੋਣ ਦੀ ਗੱਲ ਕਰਦੇ ਨੇ . ਭਾਜਪਾ ਦੇ ਬੁਲਾਰੇ ਨੇ ਕਿਹਾ ਕਿ ਉਹ ਦਿਨ ਲੰਘ ਗਏ ਨੇ ਜਦੋਂ ਵਿਦੇਸ਼ੀ ਤਾਕਤਾਂ ਭਾਰਤ ਨੂੰ ਢਾਹ ਲਾ ਸਕਦੀਆਂ ਸਨ ।

--------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ "ਲੋਕ ਮਿਲਣੀ ਪ੍ਰੋਗਰਾਮ" ਤਹਿਤ ਨਗਰ ਕੌਂਸਲ ਕੋਟਕਪੂਰਾ ਵਿਖੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਪ੍ਰਾਪਤ ਹੋਈਆਂ ਅਰਜ਼ੀਆਂ ਤੇ ਸਬੰਧਤ ਅਧਿਕਾਰੀਆਂ ਨੂੰ ਜਲਦ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ । ਸਪੀਕਰ ਸੰਧਵਾਂ ਨੇ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਹੁੰਦੀ ਏ ਕਿ ਉਨ੍ਹਾਂ ਦੇ ਹਲਕੇ ਦੇ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਲਈ ਸਰਕਾਰੀ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ ਅਤੇ ਉਨ੍ਹਾਂ ਦਾ ਹੱਲ ਮੌਕੇ ਤੇ ਹੀ ਹੋ ਜਾਵੇ। ਇਸ ਲਈ ਉਨ੍ਹਾਂ ਨੂੰ ਜਦੋਂ ਵੀ ਮੌਕਾ ਮਿਲਦਾ ਹੈ, ਉਹ ਆਪਣੇ ਹਲਕੇ

ਅਤੇ ਪਿੰਡਾਂ/ਸ਼ਹਿਰ ਦੇ ਲੋਕਾਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਅਤੇ ਉਨ੍ਹਾਂ ਦੇ ਹੱਲ ਲਈ ਉਨ੍ਹਾਂ ਦੇ ਰੂ-ਬ-ਰੂ ਹੁੰਦੇ ਰਹਿੰਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਹੁਣ ਸਰਕਾਰ ਵੱਲੋਂ ਲੋਕਾਂ ਨੂੰ ਹੋਰ ਸਹੂਲਤ ਦੇਣ ਲਈ ਪਿੰਡ ਪੱਧਰ ਤੇ ਸੁਵਿਧਾ ਕੈਂਪ ਵੀ ਲਗਾਏ ਜਾ ਰਹੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਦੇ ਨੇੜੇ ਲੱਗ ਰਹੇ ਸੁਵਿਧਾ ਕੈਂਪਾਂ ਦਾ ਵੱਧ ਤੋਂ ਵੱਧ ਲਾਹਾ ਲੈਣ।

--------------------------------

FAZILKA 'ਚ ਹਰ ਸਾਲ ਦੀ ਤਰਾਂ 17 ਸਤੰਬਰ ਤੋਂ 2 ਅਕਤੂਬਰ ਤੱਕ ਜ਼ਿਲ੍ਹੇ ਵਿੱਚ ਸਵੱਛਤਾ ਪੱਖਵਾੜਾ ਮਨਾਇਆ ਜਾਵੇਗਾ ਅਤੇ ਇਸ ਦੌਰਾਨ ਪਿੰਡਾਂ ਅਤੇ ਸ਼ਹਿਰਾਂ ਵਿੱਚ ਵੱਖ-ਵੱਖ ਸਵੱਛਤਾ ਗਤੀਵਿਧੀਆਂ ਕੀਤੀਆਂ ਜਾਣਗੀਆਂ। ਇਹ ਜਾਣਕਾਰੀ ਜ਼ਿਲ੍ਹੇ ਤੇ ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਦਿੱਤੀ। ਇਸ ਸਬੰਧੀ ਇੱਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਡਾ ਸੇਨੂ ਦੁੱਗਲ ਨੇ ਦੱਸਿਆ ਕਿ ਇਸ ਵਾਰ ਦੇ ਸਵੱਛਤਾ ਪੱਖਵਾੜੇ ਦਾ ਵਿਸ਼ਾ ਸੁਭਾਅ ਸਵੱਛਤਾ ਸੰਸਕਾਰ ਸਵਛਤਾ ਏ। ਉਹਨਾਂ ਆਖਿਆ ਕਿ ਇਸ ਸਵੱਛਤਾ ਹੀ ਸੇਵਾ ਪੱਖਵਾੜੇ ਦੌਰਾਨ ਸਵੱਛਤਾ ਵਿੱਚ ਲੋਕਾਂ ਦੀ ਹਿੱਸੇਦਾਰੀ ਨੂੰ ਉਤਸਾਹਿਤ ਕੀਤਾ ਜਾਵੇਗਾ ਅਤੇ ਵਿਸ਼ੇਸ਼ ਤੌਰ 'ਤੇ ਸਫਾਈ ਮੁਹਿੰਮਾਂ ਚਲਾਉਣ ਦੇ ਨਾਲ ਨਾਲ ਲੋਕਾਂ ਵਿੱਚ ਸਵੱਛਤਾ ਪ੍ਰਤੀ ਸਮਝ ਵਿਕਸਿਤ ਕਰਨ ਲਈ ਅਤੇ ਉਨਾਂ ਦੇ ਸਵੱਛਤਾ ਪ੍ਰਤੀ ਸੁਭਾਓ ਵਿੱਚ ਬਦਲਾਅ ਲਈ ਵੀ ਉਪਰਾਲੇ ਕੀਤੇ ਜਾਣਗੇ। ਉਨਾਂ ਨੇ ਆਖਿਆ ਕਿ ਇਸ ਦੌਰਾਨ ਸਫਾਈ ਮਿੱਤਰ ਸੁਰੱਖਿਆ ਕੈਂਪ ਵੀ ਲਗਾਏ ਜਾਣਗੇ, ਜਿੱਥੇ ਸਫਾਈ ਕਰਮਚਾਰੀਆਂ ਦੀ ਭਲਾਈ ਨਾਲ ਸੰਬੰਧਿਤ ਸੇਵਾਵਾਂ ਉਨਾਂ ਨੂੰ ਦਿੱਤੀਆਂ ਜਾਣਗੀਆਂ। ਉਹਨਾਂ ਨੇ ਪਿੰਡਾਂ ਅਤੇ ਸ਼ਹਿਰਾਂ ਦਾ ਕੰਮ ਦੇਖ ਰਹੀਆਂ ਨਗਰ ਕੌਂਸਲਾਂ ਅਤੇ ਪੇਂਡੂ ਵਿਕਾਸ ਵਿਭਾਗ ਨੂੰ ਹਦਾਇਤ ਕੀਤੀ ਕਿ ਇਸ ਸਬੰਧੀ ਵਿਆਪਕ ਰੂਪ ਰੇਖਾ ਤਿਆਰ ਕਰਕੇ ਉਸੇ ਅਨੁਸਾਰ ਜਿਲ੍ਹੇ ਭਰ ਵਿੱਚ ਗਤੀਵਿਧੀਆਂ ਕਰਾਈਆਂ ਜਾਣ। ਉਹਨਾਂ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਇਸ ਸਵੱਛਤਾ ਪਖਵਾੜੇ ਵਿੱਚ ਵੱਧ ਚੜ ਕੇ ਭਾਗ ਲੈਣ ਅਤੇ ਆਪਣੇ ਆਲੇ ਦੁਆਲੇ ਨੂੰ ਸਾਫ ਰੱਖਣ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦਾ ਸਹਿਯੋਗ ਦੇਣ।

--------------------------------

ਹਾਕੀ ਵਿੱਚ, ਮੌਜੂਦਾ ਚੈਂਪੀਅਨ ਭਾਰਤ ਅੱਜ ਚੀਨ ਦੇ Hulunbuir ਵਿੱਚ ਮਲੇਸ਼ੀਆ ਨੂੰ 8-1 ਨਾਲ ਹਰਾ ਕੇ ਮਰਦਾਂ ਦੇ ਏਸ਼ੀਅਨ ਚੈਂਪੀਅਨਜ਼ ਟਰਾਫੀ ਟੂਰਨਾਮੈਂਟ ਦੇ ਸੈਮੀਫਾਈਨਲ ਵਿੱਚ ਪਹੁੰਚ ਗਿਆ ਏ। ਭਾਰਤ ਲਈ ਰਾਜਕੁਮਾਰ ਪਾਲ ਨੇ ਗੋਲਾਂ ਦੀ ਹੈਟ੍ਰਿਕ ਬਣਾਈ। ਅਰਜੀਤ

ਸਿੰਘ ਹੁੰਦਲ ਨੇ ਦੋ ਗੋਲ ਕੀਤੇ। ਜੁਗਰਾਜ ਸਿੰਘ, ਹਰਮਨਪ੍ਰੀਤ ਸਿੰਘ ਅਤੇ ਉੱਤਮ ਸਿੰਘ ਨੇ ਵੀ ਇੱਕ-ਇੱਕ ਗੋਲ ਕੀਤਾ। ਇਸ ਤੋਂ ਪਹਿਲਾਂ ਭਾਰਤੀ ਟੀਮ ਨੇ ਚੀਨ ਅਤੇ ਜਾਪਾਨ ਨੂੰ ਹਰਾਇਆ ਸੀ।

--------------------------------

ਆਖਿਰ ਵਿਚ ਖ਼ਾਸ ਖਬਰਾਂ ਇਕ ਵਾਰ ਫਿਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਏ ਕਿ ਸਰਕਾਰ ਹਰ DEVICE ਨੂੰ ਭਾਰਤੀ ਚਿਪਸ ਨਾਲ ਲੈਸ ਕਰਨ ਲਈ, ਦੇਸ਼ ਵਿੱਚ ਚਿੱਪ ਉਤਪਾਦਨ ਦੀ ਗਿਣਤੀ ਵਧਾਉਣ 'ਤੇ ਧਿਆਨ ਕੇਂਦਰਿਤ ਕਰ ਰਹੀ ਏ ।
- ਕੇਂਦਰ ਨੇ ਖਾਲਿਸਤਾਨ ਦੀ ਹਮਾਇਤ ਕਰਣ ਵਾਲੇ ਸਮੂਹ 'ਸਿੱਖਸ ਫਾਰ ਜਸਟਿਸ' 'ਤੇ ਲਾਈ ਪਾਬੰਦੀ ਨੂੰ ਅਗਲੇ ਪੰਜ ਸਾਲਾਂ ਲਈ ਵਧਾ ਦਿੱਤਾ ਏ ।
- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰੇ ਵਿਖੇ ਮੈਂ ਤੇ ਮੇਰਾ ਰੁਖ ਮੁਹਿੰਮ ਤਹਿਤ ਬੂਤੇ ਕਾ ਲੇ ਚੁਗਿਰਦੇ ਨੂੰ ਬਚਾਉਣ ਦਾ ਸੁਨੇਹਾ ਦਿੱਤਾ ।
- ਹਾਕੀ ਵਿੱਚ, ਮੌਜੂਦਾ ਚੈਂਪੀਅਨ ਭਾਰਤ ਅੱਜ ਚੀਨ ਦੇ Hulunbuir ਵਿੱਚ ਮਲੇਸ਼ੀਆ ਨੂੰ 8-1 ਨਾਲ ਹਰਾ ਕੇ ਮਰਦਾਂ ਦੇ ਏਸ਼ੀਅਨ ਚੈਂਪੀਅਨਜ਼ ਟਰਾਫੀ ਟੂਰਨਾਮੈਂਟ ਦੇ ਸੈਮੀਫਾਈਨਲ ਵਿੱਚ ਪਹੁੰਚ ਗਿਆ ਏ ।

--------------------------------